# ਨਸ਼ੇ ਦੀਆਂ ਗੋਲੀਆਂ ਤੇ ਹੈਰੋਇਨ ਸਮੇਤ 2 ਵਿਅਕਤੀ ਕਾਬੂ



ਮਲੋਟ : ਜ਼ਿਲ੍ਹਾ ਪੁਲਿਸ ਮੁੱਖੀ ਭਾਗੀਰਥ ਸਿੰਘ ਮੀਨਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਨਸ਼ਿਆਂ ਅਤੇ ਸ਼ਰਾਰਤੀ ਅਨਸਰਾਂ ਖਿਲਾਫ ਮੁਹਿੰਮ ਵਿੱਢੀ ਗਈ ਹੈ। ਜਿਸਦੇ ਚਲਦਿਆਂ ਪੁਲਿਸ ਦੀਆਂ ਅਲੱਗ ਅਲੱਗ ਟੁੱਕੜੀਆਂ ਵੱਲੋਂ ਜਿੱਥੇ ਸਰਚ ਅਪ੍ਰੇਸ਼ਨ ਚਲਾਏ ਜਾ ਰਹੇ ਹਨ ਉੱਥੇ ਹੀ ਨਾਕਾਬੰਦੀ ਕਰ ਚੈਕਿੰਗ ਕੀਤੀ ਜਾ ਰਹੀ ਹੈ। ਇਸੇ ਤਹਿਤ ਹੀ ਅਵਤਾਰ ਸਿੰਘ ਡੀ.ਐਸ.ਪੀ (ਮਲੋਟ) ਦੀ ਯੋਗ ਅਗਵਾਈ ਹੇਠ ਇੰਪੈਕਟਰ ਲਵਮੀਤ ਕੌਰ ਮੁੱਖ ਅਫਸਰ ਥਾਣਾ ਸਦਰ ਮਲੋਟ ਨੇ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਵਾ ਚੈਕਿੰਗ ਸ਼ੱਕੀ ਪੁਰਸ਼ਾ ਦੇ ਸਬੰਧ ਵਿੱਚ ਪਿੰਡ ਉੜਾਂਗ ਤੋਂ ਪਿੰਡ ਬਾਮ ਜਾ ਰਹੀ ਸੀ ਤਾਂ ਪੁਲਿਸ ਪਾਰਟੀ ਵੱਲੋਂ ਸ਼ੱਕ ਦੇ ਬਿਨਾਂ ਪਰ ਇੱਕ ਪੈਦਲ ਆ ਰਹੇ ਨੌਜਵਾਨ ਨੂੰ ਰੋਕ ਕੇ ਉਨ੍ਹਾਂ ਦਾ ਨਾਮ ਪਤਾ ਪੁੱਛਿਆ ਤਾਂ ਉਸ ਨੇ ਆਪਣਾ ਨਾਮ ਪਵਨ ਕੁਮਾਰ ਪੁੱਤਰ ਉਦਾ ਰਾਮ ਵਾਸੀ ਪਿੰਡ ਬਾਮ ਦੱਸਿਆ। ਸ਼ੱਕ ਦੇ ਆਧਾਰ ਤੇ ਉਸ ਦੀ ਤਲਾਸ਼ੀ ਲੈਣ ਤੇ ਉਸ ਪਾਸੋਂ 250 ਨਸ਼ੀਲੀਆਂ ਗੋਲੀਆ ਬ੍ਰਾਮਦ ਹੋਈਆਂ ਜਿਸ ਤੇ ਪੁਲਿਸ ਵੱਲੋਂ ਥਾਣਾ ਸਦਰ ਮਲੋਟ ਮਾਮਲਾ ਦਰਜ ਰਜਿਸਟਰ ਕਰ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ। ਇਸੇ ਤਰ੍ਹਾਂ ਥਾਣਾ ਸਿਟੀ ਮਲੋਟ ਵੱਲੋਂ ਕੁਲਵਿੰਦਰ ਸਿੰਘ ਉਰਫ ਜਿੰਦੂ ਪੁੱਤਰ ਬਲਦੇਵ ਸਿੰਘ ਵਾਸੀ ਖੁੰਨਨ ਖੁਰਦ ਪਾਸੋਂ 10 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਗਈ, ਜਿਸਦੇ ਖਿਲਾਫ ਥਾਣਾ ਸਿਟੀ ਮਲੋਟ ਮਾਮਲਾ ਦਰਜ ਰਜਿਸਟਰ ਕਰ ਅਗਲੀ ਕਾਰਵਾਈ ਸ਼ੁਰੂ ਕੀਤੀ ਗਈ।